ਪੰਜਾਬ ਸਰਕਾਰ

ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ

ਵੱਲ;

ਪੰਜਾਬ ਰਾਜ ਦੇ ਸਮੂਹ ਸਰਕਾਰੀ ਅਤੇ
ਏਡਿਡ ਕਾਲਜਾਂ ਦੇ ਪ੍ਰਿੰਸੀਪਲ।

ਮੀਮੋ ਨੰ. 7/39-2022ਉ.ਸਿੱ.(੫)/319
ਮਿਤੀ: 8/3/2022

**ਵਿਸ਼ਾ:- ਵਿੱਦਿਅਕ ਵਰ੍ਹੇ 2022-23 ਲਈ ਕਾਲਜਾਂ ਵਿੱਚ ਦਾਖਲਿਆਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਆਪ ਨੂੰ ਪਤਾ ਹੈ ਕਿ ਸਰਕਾਰ ਦੁਆਰਾ ਉਚੇਰੀ ਸਿੱਖਿਆ ਸੰਸਥਾਵਾਂ ਵਿੱਚ ਵੱਧ ਤੋਂ ਵੱਧ ਦਾਖਲੇ ਵਧਾਉਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਸਬੰਧੀ ਸਮੂਹ ਕਾਲਜ ਪ੍ਰਿੰਸੀਪਲਾਂ ਨਾਲ ਸਮੇਂ-ਸਮੇਂ ਤੇ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਦੌਰਾਨ ਕਾਲਜ ਪ੍ਰਿੰਸੀਪਲਾਂ ਦੁਆਰਾ ਬਹੁਤ ਹੀ ਚੰਗੇ ਸੁਝਾਅ ਪ੍ਰਾਪਤ ਹੋਏ ਹਨ। ਇਨ੍ਹਾਂ ਸੁਝਾਵਾਂ ਵਿੱਚੋਂ ਇੱਕ ਸੁਝਾਅ ਇਹ ਵੀ ਪ੍ਰਾਪਤ ਹੋਇਆ ਹੈ ਕਿ ਕਾਲਜਾਂ ਵਿੱਚ ਦਾਖਲਾ ਲੈਣ ਵਾਲੇ ਨਵੇਂ ਵਿਦਿਆਰਥੀ ਜੋ ਕਿ ਇਸ ਸਮੇਂ (ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ) 12ਵੀਂ ਜਮਾਤ ਵਿੱਚ ਪੜ੍ਹ ਰਹੇ ਹਨ, ਨੂੰ ਤੁਰੰਤ ਕਾਲਜਾਂ ਵਿੱਚ ਦਾਖਲਾ ਲੈਣ ਲਈ ਉਤਸ਼ਾਹਿਤ ਕੀਤਾ ਜਾਵੇ। ਕੁਝ ਪ੍ਰਿੰਸੀਪਲਾਂ ਦੁਆਰਾ ਸੁਝਾਅ ਦਿੱਤਾ ਗਿਆ ਕਿ ਜਦੋਂ ਉਹ ਸਕੂਲਾਂ ਵਿੱਚ ਜਾਂਦੇ ਹਨ ਤਾਂ ਵਿਦਿਆਰਥੀ ਕਾਲਜਾਂ ਵਿੱਚ ਦਾਖਲੇ ਲਈ ਤੁਰੰਤ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਦੇ ਇੱਛੁਕ ਹੁੰਦੇ ਹਨ। ਪ੍ਰਿੰਸੀਪਲਾਂ ਦੁਆਰਾ ਸੁਝਾਅ ਦਿੱਤਾ ਗਿਆ ਹੈ ਕਿ ਉਚੇਰੀ ਸਿੱਖਿਆ ਵਿਭਾਗ ਨੂੰ ਇਨ੍ਹਾਂ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਲਈ ਤੁਰੰਤ ਕਾਰਵਾਈ ਸ਼ੁਰੂ ਕਰਨੀ ਚਾਹੀਦੀ ਹੈ।

3.0 ਇਸ ਮਾਮਲੇ ਨੂੰ ਮੁੜ ਵਿਚਾਰਿਆ ਗਿਆ ਹੈ। ਉਪਰੋਕਤ ਦਿੱਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹੇਠ ਲਿਖੇ ਅਨੁਸਾਰ ਫੈਸਲਾ ਲਿਆ ਗਿਆ ਹੈ:-

ੳ) 12ਵੀਂ ਜਮਾਤ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਕਾਲਜਾਂ ਵਿੱਚ ਰਜਿਸਟ੍ਰੇਸ਼ਨ ਮਿਤੀ 10.03.2022 ਤੋਂ ਸ਼ੁਰੂ ਕੀਤੀ ਜਾਵੇ।

ਅ) ਇਨ੍ਹਾਂ ਵਿਦਿਆਰਥੀਆਂ ਤੋਂ ਰਜਿਸਟ੍ਰੇਸ਼ਨ ਦੀ ਕੋਈ ਫੀਸ ਨਾ ਲਈ ਜਾਵੇ।

ੲ) ਰਜਿਸਟ੍ਰੇਸ਼ਨ ਫਾਰਮ ਨੂੰ ਸਰਲ ਤਰੀਕੇ ਨਾਲ ਤਿਆਰ ਕੀਤਾ ਗਿਆ ਹੈ, ਜਿਸਦੀ ਕਾਪੀ ਇਸ ਪੱਤਰ ਨਾਲ ਨੱਥੀ ਕੀਤੀ ਜਾਂਦੀ ਹੈ।

ਸ) ਸਮੂਹ ਕਾਲਜ ਪ੍ਰਿੰਸੀਪਲ ਸਬੰਧਤ ਸਕੂਲਾਂ (ਸਰਕਾਰੀ ਅਤੇ ਪ੍ਰਾਈਵੇਟ) ਵਿੱਚ ਸਕੂਲ ਅਥਾਰਟੀਜ਼ (ਪ੍ਰਿੰਸੀਪਲ ਅਤੇ ਅਧਿਆਪਕਾਂ) ਨਾਲ ਰਾਬਤਾ ਕਰਕੇ ਇੱਛੁਕ ਵਿਦਿਆਰਥੀਆਂ ਦੀ ਤੁਰੰਤ ਰਜਿਸਟ੍ਰੇਸ਼ਨ ਕਰ ਲੈਣ।

ਹ) ਜਿਨ੍ਹਾਂ ਕਾਲਜਾਂ ਵਿੱਚ ਸੀਟਾਂ ਪੂਰੀਆਂ ਨਹੀਂ ਭਰਦੀਆਂ, ਉਨ੍ਹਾਂ ਕਾਲਜਾਂ ਦੇ ਪ੍ਰਿੰਸੀਪਲ ਰਜਿਸਟਰ ਕੀਤੇ ਵਿਦਿਆਰਥੀਆਂ ਨੂੰ ਪਹਿਲੇ ਦਿਨ ਹੀ ਦਾਖਲ ਕਰਦੇ ਹੋਏ ਉਨ੍ਹਾਂ ਨੂੰ ਰੋਲ ਨੰਬਰ ਜਾਰੀ ਕਰ ਦੇਣ।

**ਪ੍ਰਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ**

Encl: As above

## Specimen of Registration Form for Enrolment

| | | |
|---|---|---|
| 1 | Full Name | |
| 2 | Board | |
| 3 | Roll number | |
| 4 | Passing year | |
| 5 | Stream | |
| 6 | Monther name | |
| 7 | Father Name | |
| 8 | Date of Birth | |
| 9 | Gender | M/F/Others |
| 10 | Mobile Number | |
| 11 | Email id | |
| 12 | Reservation category | |
| 13 | Cast category | |
| 14 | Caste | |
| 15 | Aadhaar number | |
| 16 | Nationality | Indian or Others |
| 17 | Punjab Domicile | Yes or No |
| 18 | Punjabi Passed in Metric | Yes or No |